ਨੰ: 11/23/2002-2ਸਿ:3/ 13791

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ,

ਪ੍ਰਿੰਸੀਪਲ,
ਅਕਾਲ ਅਕੈਡਮੀ, ਮੰਡੇਰ,
ਤਹਿ. ਬੁਢਲਾਡਾ, ਜ਼ਿਲ੍ਹਾ ਮਾਨਸਾ।

ਮਿਤੀ, ਚੰਡੀਗੜ੍ਹ: 26ਜੂਨ,2002 27

ਵਿਸ਼ਾ: ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜ਼ਾਰੀ ਕਰਨ ਬਾਬਤ।

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ: 'ਨਿਲ' ਮਿਤੀ 'ਨਿਲ' ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵਲੋਂ ਪੇਸ਼ ਕੀਤੇ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ ..ਮਾਨਸਾ.............. ਅਤੇ ਡੀ.ਪੀ.ਆਈ.ਪ੍ਰਾਈਵੇਟ ਏਡਿਡ(ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ/ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ ਅਜਿਹੇ ਸਕੂਲਾਂ ਵਿੱਚ ਪੰਜਾਬੀ ਦੇ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸੀ.ਬੀ.ਐਸ.ਈ. ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ/2

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀਆਂ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਸੰਯੁਕਤ ਸਕੱਤਰ ਸਿੱਖਿਆ

ਪਿੱਠ ਅੰਕਣ ਨੰ: 11/23/2002-2ਸਿ:3/ ਮਿਤੀ,ਚੰਡੀਗੜ੍ਹ 26ਜੂਨ,2002

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ, ਪ੍ਰਾਈਵੇਟ ਏਡਿਡ(ਸ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਮੀਮੋ ਨੰ: 15/9-2002-ਗ੍ਰ-1(,4) ਮਿਤੀ 28.5.2002 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜ਼ੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਸੰਯੁਕਤ ਸਕੱਤਰ ਸਿੱਖਿਆ